Tape/CD: 1322

# ਪੰਨਾ ੧੨੬੩

ਮਲਾਰ ਮਹਲਾ ੪ ॥ ਗੰਗਾ ਜਮੁਨਾ ਗੋਦਾਵਰੀ ਸਰਸੁਤੀ ਤੇ ਕਰਹਿ ਉਦਮੁ ਧੂਰਿ ਸਾਧੂ ਕੀ ਤਾਈ ॥ ਕਿਲਵਿਖ ਮੈਲੁ ਭਰੇ ਪਰੇ ਹਮਰੈ ਵਿਚਿ ਹਮਰੀ ਮੈਲੁ ਸਾਧੂ ਕੀ ਧੂਰਿ ਗਵਾਈ ॥ ੧ ॥ ਤੀਰਥਿ ਅਠਸਠਿ ਮਜਨੁ ਨਾਈ ॥ ਸਤਸੰਗਤਿ ਕੀ ਧੂਰਿ ਪਰੀ ਉਡਿ ਨੇਤ੍ਰੀ ਸਭ ਦੁਰਮਤਿ ਮੈਲੁ ਗਵਾਈ ॥ ੧ ॥ ਰਹਾਉ ॥ ਜਾਹਰਨਵੀ ਤਪੈ ਭਾਗੀਰਥਿ ਆਣੀ ਕੇਦਾਰੁ ਥਾਪਿਓ ਮਹਸਾਈ ॥ ਕਾਂਸੀ ਕ੍ਰਿਸਨੁ ਚਰਾਵਤ ਗਾਊ ਮਿਲਿ ਹਰਿ ਜਨ ਸੋਭਾ ਪਾਈ ॥ ੨ ॥ ਜਿਤਨੇ ਤੀਰਥ ਦੇਵੀ ਥਾਪੇ ਸਭਿ ਤਿਤਨੇ ਲੋਚਹਿ ਧੂਰਿ ਸਾਧੂ ਕੀ ਤਾਈ ॥ ਹਰਿ ਕਾ ਸੰਤੁ ਮਿਲੈ ਗੁਰ ਸਾਧੂ ਲੈ ਤਿਸ ਕੀ ਧੂਰਿ ਮੁਖਿ ਲਾਈ ॥ ੩ ॥ ਜਿਤਨੀ ਸ੍ਰਿਸਟਿ ਤੁਮਰੀ ਮੇਰੇ ਸੁਆਮੀ ਸਭ ਤਿਤਨੀ ਲੋਚੈ ਧੂਰਿ ਸਾਧੂ ਕੀ ਤਾਈ ॥ ਨਾਨਕ ਲਿਲਾਟਿ ਹੋਵੈ ਜਿਸੁ ਲਿਖਿਆ ਤਿਸੁ ਸਾਧੂ ਧੂਰਿ ਦੇ ਹਰਿ ਪਾਰਿ ਲੰਘਾਈ ॥ ੪ ॥ ੨ ॥

# ਪੰਨਾ ੧੦

ਰਾਗੁ ਗੂਜਰੀ ਮਹਲਾ ੫ ॥ ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥ ੧ ॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥ ੧ ॥ ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥ ੨ ॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥ ੩ ॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥ ੪ ॥ ੫ ॥